Vigilance Bureau Punjab

**Vigilance nabs head constable taking bribe Rs. 10,000**

Chandigarh, September 13: State Vigilance Bureau, today nabbed constable Sarbjeet Singh red handed while accepting bribe of Rs 10,000.

Disclosing this here an official spokesperson of the Vigilance Bureau said Constable Sarbjeet Singh posted at police post Humbran, Ludhiana district was nabbed red handed on the complaint of Ajmer Singh of Sarup Nagar, Salem Tabri, Ludhiana. The complainant has approached the VB and alleged that the accused police official was demanding Rs 50,000 for not registering theft case against him and the deal was struck at Rs. 30,000. He further informed that complainant had already paid Rs. 5,000 as a first installment to him.

After verifying his information, the Vigilance team laid a trap and the accused constable was arrested on the spot taking bribe of Rs. 10,000 as second installment from the complainant in the presence of two official witnesses. He informed that a case under different sections of prevention of corruption act has been registered against him at VB police station Ludhiana and further investigation was under progress.

--------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ 10,000 ਦੀ ਰਿਸ਼ਵਤ ਲੈਂਦਾ ਸਿਪਾਹੀ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 13 ਸਤੰਬਰ : ਪੰਜਾਬ ਵਿਜੀਲੈਂਸ ਬਿਊਰੋ ਨੇ ਪੁਲਿਸ ਚੌਂਕੀ ਹੰਬੜਾ, ਜਿਲਾ ਲੁਧਿਆਣਾ ਵਿਖੇ ਤਾਇਨਾਤ ਸਿਪਾਹੀ ਸਰਬਜੀਤ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਸਿਪਾਹੀ ਨੂੰ ਸ਼ਿਕਾਇਤਕਰਤਾ ਅਜਮੇਰ ਸਿੰਘ ਵਾਸੀ ਸਰੂਪ ਨਗਰ, ਸਲੇਮ ਟਾਬਰੀ, ਲੁਧਿਆਣਾ ਦੀ ਸ਼ਿਕਾਇਤ ’ਤੇ ਫੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਸਿਪਾਹੀ ਵਲੋਂ ਉਸ ਖਿਲਾਫ਼ ਚੋਰੀ ਦਾ ਝੂਠਾ ਕੇਸ ਦਰਜ ਨਾ ਕਰਨ ਬਦਲੇ 50,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 30,000 ਵਿਚ ਤੈਅ ਹੋਇਆ ਹੈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਵਲੋਂ ਉਕਤ ਸਿਪਾਹੀ ਨੂੰ ਇਸ ਮਾਮਲੇ ਵਿਚ ਰਿਸ਼ਵਤ ਵਜੋਂ ਪਹਿਲੀ ਕਿਸ਼ਤ ਦੇ 5,000 ਰੁਪਏ ਅਦਾ ਕੀਤੇ ਜਾ ਚੁੱਕੇ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਸਿਪਾਹੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਜੀ ਕਿਸ਼ਤ ਵਜੌਂ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------